# ਦਫ਼ਤਰ ਨਗਰ ਨਿਗਮ ਹੁਸ਼ਿਆਰਪੁਰ
# ਪ੍ਰੈਸ ਨੋਟ
## ਮੁਹੱਲਾ ਕੀਰਤੀ ਦੇ ਨਿਵਾਸੀਆਂ ਨੇ ਆਪਣੀਆਂ ਮੁਸ਼ਕਲਾਂ ਸਬੰਧੀ ਮੇਅਰ ਸ਼ਿਵ ਸੂਦ ਨੂੰ ਦਿੱਤਾ ਮੰਗ ਪੱਤਰ

ਹੁਸ਼ਿਆਰਪੁਰ 20 ਮਈ ਮੁਹੱਲਾ ਕੀਰਤੀ ਨਗਰ ਦੇ ਨਿਵਾਸੀ ਕੌਂਸਲਰ ਬਲਵਿੰਦਰ ਬਿੰਦੀ ਦੀ ਅਗਵਾਈ ਵਿਚ ਨਗਰ ਨਿਗਮ ਦੇ ਮੇਅਰ ਸ਼ਿਵ ਸੂਦ ਨੂੰ ਉਹਨਾਂ ਦੇ ਦਫ਼ਤਰ ਵਿਖੇ ਮਿਲੇ ਅਤੇ ਮੰਗ ਪੱਤਰ ਦੇਣ ਉਪਰੰਤ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹਨਾਂ ਦੇ ਮੁਹੱਲੇ ਤੋਂ ਕੁਝ ਦੂਰੀ ਤੇ ਕੂੜੇ ਦੀ ਡੰਪਿੰਗ ਕੀਤੀ ਜਾ ਰਹੀ ਹੈ। ਜਿਸ ਵਿਚ ਸਾਰਾ ਸ਼ਹਿਰ ਦਾ ਕੂੜਾ ਸੁੱਟਿਆ ਜਾਂਦਾ ਹੈ ਜਿਸ ਕਾਰਨ ਉਸ ਵਿਚੋਂ ਕਾਫੀ ਬਦਬੂ ਆ ਰਹੀ ਹੈ ਜਿਸ ਕਾਰਨ ਮੁਹੱਲਾ ਵਾਸੀਆਂ ਨੂੰ ਸਾਹ ਲੈਣਾ ਵੀ ਔਖਾ ਹੈ। ਇਸ ਵਿਚ ਅੱਗ ਲੱਗਣ ਕਾਰਨ ਮੁਹੱਲੇ ਵਿਚ ਧੂਆਂ ਆਉਣ ਕਾਰਨ ਬਜੁਰਗਾਂ ਅਤੇ ਬੱਚਿਆਂ ਦੀ ਸਿਹਤ ਤੇ ਬਹੁਤ ਮਾੜਾ ਅਸਰ ਪੈ ਰਿਹਾ ਹੈ। ਇਸ ਵਿਚੋਂ ਜ਼ੋ ਧੂਆਂ ਨਿਕਲ ਰਿਹਾ ਹੈ ਉਹ ਪੋਲੀਥੀਨ ਦਾ ਧੂਆਂ ਹੈ ਅਤੇ ਉਹ ਬਹੁਤ ਹੀ ਖਤਰਨਾਕ ਹੈ, ਇਸ ਲਈ ਇਸ ਸਮੱਸਿਆ ਦਾ ਹੱਲ ਕੀਤਾ ਜਾਵੇ। ਮੇਅਰ ਸ਼ਿਵ ਸੂਦ ਨੇ ਮੌਕੇ ਤੇ ਸਬੰਧਤ ਅਧਿਕਾਰੀਆਂ ਨੂੰ ਮੌਕਾ ਦੇਖਣ ਉਪਰੰਤ ਇਸ ਸਮੱਸਿਆ ਦਾ ਹੱਲ ਕਰਨ ਲਈ ਕਿਹਾ।

ਇਸ ਮੌਕੇ ਤੇ ਧਰਮਪਾਲ, ਹਰਮਿੰਦਰ ਸਿੰਘ, ਕੁਲਵਿੰਦਰ ਸਿੰਘ, ਸੋਹਨ ਲਾਲ ਸਹੋਤਾ, ਸੁਰਿੰਦਰ ਕੁਮਾਰ, ਹਰਵਿੰਦਰ ਸਿੰਘ, ਕਿਸ਼ਨ ਚੰਦ ਸ਼ਰਮਾ, ਦਰਸ਼ਨ ਸਿੰਘ ਵੀ ਇਸ ਮੌਕੇ ਤੇ ਹਾਜ਼ਰ ਸਨ।